ਹਵਾਲਾ ਨੰ:...ਪ..ਣ..ਮ/12-17 ਮਿਤੀ: 14.04.2022


**ਕਾਨੂੰਨੀ ਸਲਾਹਕਾਰ / ਵਕੀਲ**

**ਸ੍ਰੀ ਹਰੀ ਚੰਦ ਅਰੋੜਾ**
ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ
ਮੋ.: 98140-13764

**ਸ੍ਰੀ ਹਰੀਸ਼ ਰਾਏ ਢਾਂਡਾ**
ਲੁਧਿਆਣਾ
ਮੋ.: 98141-20300

**ਸ੍ਰੀ ਮਿੱਤਰ ਸੈਨ ਮੀਤ**
ਲੁਧਿਆਣਾ
ਮੋ.: 98556-31777

**ਸੰਚਾਲਕ**

**ਸ੍ਰ ਦਵਿੰਦਰ ਸਿੰਘ ਸੇਖਾ**
ਮੋ.: 98140-70581

**ਪ੍ਰੋ ਇੰਦਰਪਾਲ ਸਿੰਘ**
ਮੋ.: 82838-11912

**ਸ੍ਰ ਸੁਖਇੰਦਰ ਪਾਲ ਸਿੰਘ**
ਮੋ.: +1 (780) 884 0788

**ਸ੍ਰ ਆਰ. ਪੀ. ਸਿੰਘ**
ਮੋ.: 97790 48083


ਵੱਲ

ਉਪ ਕੁਲਪਤੀ ਸਾਹਿਬ
ਪੰਜਾਬੀ ਯੂਨੀਵਰਸਿਟੀ
ਪਟਿਆਲਾ। vc@pbi.ac.in

ਵਿਸ਼ਾ: ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਰੇ ਦਫ਼ਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਅਤੇ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਵਾਉਣ ਸਬੰਧੀ ਬੇਨਤੀ।

ਸ੍ਰੀ ਮਾਨ ਪ੍ਰੋ. (ਡਾ) ਅਰਵਿੰਦ ਜੀ,

ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਸਾਰੇ ਸੰਸਾਰ ਵਿਚ ਫੈਲੇ 11 ਕਰੋੜ ਪੰਜਾਬੀਆਂ ਦੀ ਪ੍ਰਤੀਨਿਧ ਸੰਸਥਾ ਹੈ।

ਭਾਰਤੀ ਪੰਜਾਬ ਵਿਚ ਇਹ ਮਾਂ ਬੋਲੀ ਪੰਜਾਬੀ ਨੂੰ ਸਰਕਾਰ, ਵਪਾਰ, ਰੁਜ਼ਗਾਰ ਅਤੇ ਪਰਿਵਾਰ ਵਿਚ ਬਣਦੀ ਸਤਿਕਾਰ ਯੋਗ ਥਾਂ ਦਵਾਉਣ ਲਈ ਸੰਘਰਸ਼ ਸ਼ੀਲ ਹੈ। 'ਪੰਜਾਬੀ ਵਿਕਾਸ ਮੰਚ' ਪੰਜਾਬੀ ਭਾਸ਼ਾ ਨੂੰ ਦਰਪੇਸ਼ ਸਮੱਸਿਆਵਾਂ ਨੂੰ ਕਾਨੂੰਨ ਦੀਆਂ ਵਿਵਸਥਾਵਾਂ ਰਾਹੀਂ ਸਲਝਾਉਣ ਲਈ ਸਥਾਪਤ ਕੀਤੀ ਗਈ ਇਸ ਅਦਾਰੇ ਦੀ ਇਕ ਸ਼ਾਖਾ ਹੈ।

ਪੰਜਾਬੀ ਵਿਕਾਸ ਮੰਚ, ਪੰਜਾਬੀ ਭਾਸ਼ਾ ਦੀ ਅਧੋਗਤੀ ਲਈ ਕੁੱਝ ਹੱਦ ਤੱਕ ਜ਼ਿੰਮੇਵਾਰ ਪੰਜਾਬੀ ਯੂਨੀਵਰਸਟੀ ਦੀਆਂ ਕੁਝ ਅਣਗਹਿਲੀਆਂ ਅਤੇ ਉਨ੍ਹਾਂ ਅਣਗਹਿਲੀਆਂ ਕਾਰਨ ਪੰਜਾਬੀ ਦੇ ਵਿਕਾਸ ਵਿਚ ਪੈ ਰਹੇ ਅੜਿਕੇ, ਨਿਮਰਤਾ ਸਹਿਤ, ਆਪ ਜੀ ਦੇ ਧਿਆਨ ਵਿਚ ਲਿਆ ਰਿਹਾ ਹੈ।

**ਭਾਗ-ੳ- ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ ਦਾ ਉਦੇਸ਼**

ਆਪ ਜੀ ਨੂੰ ਯਾਦ ਕਰਵਾਇਆ ਜਾਂਦਾ ਹੈ ਕਿ:

1. ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ 'ਪੰਜਾਬੀ ਯੂਨੀਵਰਸਿਟੀ ਐਕਟ 1961' ਅਧੀਨ ਹੋਈ ਸੀ। ਇਸ ਐਕਟ ਵਿਚ, ਇਸ ਯੂਨੀਵਰਸਿਟੀ ਦੀ ਸਥਾਪਨਾ ਦਾ ਉਦੇਸ਼ ***'An Act to establish and incorporate a University for the achievement of Punjabi studies and development of Punjabi language as a medium of instructions or otherwise for providing instructions in humanistic and scientific subjects and generally for the promotion of education and research.'*** ਦਰਜ ਹੈ।
2. ਪੰਜਾਬੀ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਵੀ 'ਪੰਜਾਬੀ ਯੂਨੀਵਰਿਸਟੀ, ਪਟਿਆਲਾ ਦੀ ਦ੍ਰਿਸ਼ਟੀ ਅਤੇ ਮੰਤਵ' ਸਿਰਲੇਖ ਹੇਠ ਯੂਨੀਵਰਸਿਟੀ ਦੀ ਸਥਾਪਨਾ ਦਾ ਮੰਤਵ 'ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦਾ ਬਹੁ-ਪੱਖੀ ਵਿਕਾਸ ਕਰਨਾ ਅਤੇ **ਪੰਜਾਬੀ ਭਾਸ਼ਾ ਨੂੰ ਉਚੇਰੀ ਸਿੱਖਿਆ ਵਿੱਚ ਮਾਧਿਅਮ ਵਜੋਂ ਵਿਕਸਤ ਕਰਨਾ**, ਵੱਖ-ਵੱਖ ਵਿਸ਼ਿਆਂ ਦੇ

ਇਮਤਿਹਾਨ ਪੰਜਾਬੀ ਭਾਸ਼ਾ ਵਿੱਚ ਲੈਣਾ ਖਾਸ ਕਰਕੇ ਇਸ ਵਿੱਚ ਉੱਚ ਸਿੱਖਿਆ ਤੇ ਖੋਜ ਦੀ ਤਰੱਕੀ ਕਰਨਾ ਹੈ।' ਦਰਸਾਇਆ ਗਿਆ ਹੈ।

3. ਪਿਛਲੇ ਉਪ ਕੁਲਪਤੀ ਡਾ. ਬੀ. ਐੱਸ. ਘੁੰਮਣ ਵਲੋਂ ਯਨੀਵਰਸਟੀ ਦੀ ਉਸ ਸਮੇਂ ਦੀ ਵੈਬਸਾਈਟ ਤੇ ਲੋਕਾਂ ਦੇ ਨਾਂ ਦਿੱਤੇ ਸੰਦੇਸ਼ ਵਿਚ ਯੂਨੀਵਰਸਿਟੀ ਦੀ ਸਥਾਪਨਾ ਦੇ ਮੰਤਵਾਂ ਨੂੰ ਅਤੇ ਮੰਤਵਾਂ ਦੀ ਪ੍ਰਾਪਤੀ ਲਈ ਯੂਨੀਵਰਸਿਟੀ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਵਿਆਖਿਆ ਇੰਝ ਕੀਤੀ ਗਈ ਸੀ: "ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੀ ਸਥਾਪਨਾ 30 ਅਪ੍ਰੈਲ 1962 ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੇ ਪ੍ਰਚਾਰ ਪ੍ਰਸਾਰ ਲਈ ਕੀਤੀ ਗਈ। ਆਪਣੀ ਸਥਾਪਨਾ ਦੇ ਸਮੇਂ ਤੋਂ ਹੀ ਇਹ ਆਪਣੇ ਮੂਲ ਮਕਸਦ ਲਈ ਕਾਰਜਸ਼ੀਲ ਹੈ। ਮੈਂ ਆਪਣੇ ਆਪ ਨੂੰ ਅਥਾਹ ਮਾਣਮੱਤਾ ਮਹਿਸੂਸ ਕਰਦਾ ਹਾਂ ਕਿ ਮੈਨੂੰ ਆਪਣੀ ਇਸ ਵਿਦਿਅਕ ਭੂਮੀ ਵਿਚ ਕਾਰਜ ਕਰਨ ਦਾ ਅਵਸਰ ਪ੍ਰਾਪਤ ਹੋਇਆ। **ਇਜ਼ਰਾਈਲ ਦੀ ਹਿਬਰੋ ਯੂਨੀਵਰਸਿਟੀ ਤੋਂ ਬਾਅਦ ਇਹ ਸੰਸਾਰ ਦੀ ਦੂਜੀ ਯੂਨੀਵਰਸਿਟੀ ਹੈ, ਜਿਸ ਨੂੰ ਭਾਸ਼ਾ ਦੇ ਨਾਮ 'ਤੇ ਸਥਾਪਿਤ ਕੀਤਾ ਗਿਆ ਹੈ।** ਆਪਣੇ ਮੂਲ ਮਕਸਦ ਲਈ ਇਹ ਯੂਨੀਵਰਸਿਟੀ ਨਿਰੰਤਰ ਯਤਨਸ਼ੀਲ ਹੈ। ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ ਪ੍ਰਸਾਰ ਲਈ ਇਸ ਵਿਚ ਪੰਜਾਬੀ ਵਿਭਾਗ, ਪੰਜਾਬੀ ਸਾਹਿਤ ਅਧਿਐਨ ਵਿਭਾਗ, ਪੰਜਾਬੀ ਭਾਸ਼ਾ ਵਿਕਾਸ ਵਿਭਾਗ, ਭਾਸ਼ਾ ਵਿਗਿਆਨ ਅਤੇ ਪੰਜਾਬੀ ਕੋਸ਼ਕਾਰੀ ਵਿਭਾਗ ਹੋਣ ਦੇ ਨਾਲ ਪੰਜਾਬੀ ਭਾਸ਼ਾ ਦੇ ਤਕਨੀਕੀ ਵਿਕਾਸ ਲਈ ਪੰਜਾਬੀ ਭਾਸ਼ਾ ਤਕਨਾਲੋਜੀ ਲਈ ਖੋਜ ਕੇਂਦਰ ਵਿਭਾਗ ਅਤੇ ਪੰਜਾਬੀਪੀਡੀਆ ਕੇਂਦਰ ਕਾਰਜਸ਼ੀਲ ਹਨ। ਇਸ ਦੇ ਨਾਲ ਗੁਰਮਤਿ ਸਿੱਖਿਆ ਨੂੰ ਦੇਸ਼ਾਂ ਵਿਦੇਸਾਂ ਤੱਕ ਪਹੁੰਚਾਉਣ ਲਈ ਗੁਰਮਤਿ ਸੰਗੀਤ ਆਨ ਲਾਈਨ ਸਟੱਡੀ ਜਿਹੇ ਪ੍ਰੋਗਰਾਮ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।"

4. ਵਰਤਮਾਣ ਉਪ ਕੁਲਪਤੀ ਡਾ ਅਰਵਿੰਦ ਜੀ ਵਲੋਂ ਵੀ ਆਪਣੇ ਸੰਦੇਸ਼ ਵਿਚ ਇਸੇ ਮੰਤਵ ਨੂੰ ਦਹਰਾਉਂਦੇ ਹੋਏ ਲਿਖਿਆ ਗਿਆ ਹੈ: "ਇਜਰਾਈਲ ਦੀ ਹਿਬਰੋ ਯੂਨੀਵਰਸਿਟੀ ਤੋਂ ਬਾਅਦ ਸ਼ਾਹੀ ਰਿਆਸਤ ਪਟਿਆਲਾ ਵਿਚ ਸਥਾਪਤ ਪੰਜਾਬੀ ਯੂਨੀਵਰਸਿਟੀ ਦੁਨੀਆਂ ਦੀ ਅਜਿਹੀ ਦੂਜੀ ਯੂਨੀਵਰਸਿਟੀ ਹੈ, ਜੋ ਭਾਸ਼ਾ ਦੇ ਨਾਮ 'ਤੇ ਸਥਾਪਿਤ ਕੀਤੀ ਗਈ ਹੈ। **ਪੰਜਾਬੀ ਯੂਨੀਵਰਸਿਟੀ ਦਾ ਮੁੱਖ ਮੰਤਵ, ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦਾ ਪ੍ਰਚਾਰ-ਪ੍ਰਸਾਰ ਕਰਨਾ ਹੈ।"**

5. ਉਕਤ ਪੈਰ੍ਹਾ ਨੰ:1, 2, 3 ਅਤੇ 4 ਤੋਂ ਸਪੱਸ਼ਟ ਹੈ ਕਿ ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ **ਕੇਵਲ ਅਤੇ ਕੇਵਲ ਪੰਜਾਬੀ** ਭਾਸ਼ਾ ਨੂੰ ਉਚੇਰੀ ਸਿੱਖਿਆ ਵਿੱਚ ਮਾਧਿਅਮ ਵਜੋਂ ਵਿਕਸਤ ਕਰਨਾ **(for the achievement of Punjabi studies and development of Punjabi language as a medium of instructions)** ਹੈ।

**ਭਾਗ ਅ- ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05 ਸਤੰਬਰ 2018 ਦਾ ਨਵਾਂ ਹੁਕਮ**

ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਕੁਝ ਹੇਠ ਲਿਖੀਆਂ ਮਹੱਤਵਪੂਰਨ ਵਿਵੱਸਥਾਵਾਂ ਵੱਲ ਵੀ ਦਿਵਾਇਆ ਜਾਂਦਾ ਹੈ:

1. 54 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆ ਵਿਚ

ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

**"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, **ਯੂਨੀਵਰਸਿਟੀਆਂ** ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।"

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ੍ਰੀ ਹਰੀ ਚੰਦ ਅਰੋੜਾ, ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ

ਪੰਜਾਬ ਸਰਕਾਰ ਨੂੰ *20 ਦੇ ਕਰੀਬ ਚਿੱਠੀਆਂ ਲਿਖੀਆਂ ਅਤੇ ਕਾਨੂੰਨੀ ਨੋਟਿਸ* ਦਿੱਤੇ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ **ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ** ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, **ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"**

5. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੈਟ ਤੇ ਪਾਈਆ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ, ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

> "ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ **ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"**
>
> **ਨੋਟ:** ਕਿਸੇ ਵਿਭਾਗ ਵੱਲੋਂ ਆਪਣੀ ਵੈਬਸਾਈਟ ਤੇ ਉਪਲਬਧ ਕਰਾਈ ਗਈ ਸੂਚਨਾ ਉਸ ਦੇ 'ਦਫ਼ਤਰੀ ਕੰਮ ਕਾਜ' ਦਾ ਹਿੱਸਾ ਹੈ।
>
> **6.** ਪੰਜਾਬ ਸਰਕਾਰ ਵਲੋਂ ਮਿਤੀ 25.11.2019 ਨੂੰ ਇਕ ਨਵਾਂ ਹੁਕਮ ਜਾਰੀ ਆਪਣੇ ਪਹਿਲੇ ਹੁਕਮ ਮਿਤੀ 05.09.2018 ਵਿਚ ਦਰਜ਼ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਮੁੜ ਹਦਾਇਤ ਜਾਰੀ ਕੀਤੀ ਗਈ ਹੈ।

**ਭਾਗ ੲ- ਪੰਜਾਬੀ ਯੂਨੀਵਰਸਿਟੀ ਵੱਲੋਂ ਆਪਣੇ ਉਦੇਸ਼ ਤੋਂ ਭਟਕਣ ਅਤੇ ਕਾਨੂੰਨ ਦੀਆਂ ਵਿਵਸਥਾਵਾਂ ਦੀ ਘੋਰ ਉਲੰਘਣਾ ਦੀਆਂ ਕੁਝ ਉਦਾਹਰਣਾਂ**

1. ਯੂਨੀਵਰਸਿਟੀ ਵੱਲੋਂ ਆਪਣਾ ਲੱਗਭਗ ਸਾਰਾ ਕੰਮ ਕਾਜ ਕੇਵਲ ਅੰਗਰੇਜ਼ੀ ਭਾਸ਼ਾ ਵਿੱਚ ਕੀਤਾ ਜਾਂਦਾ ਹੈ। ਜਦੋਂ ਕਿ ਇਸ ਪੱਤਰ ਦੇ ਉਕਤ ਭਾਗ- ੳ ਅਤੇ ਭਾਗ- ਅ ਵਿਚ ਦਰਜ ਕਾਨੂੰਨ ਦੀਆਂ ਵਿਵਸਥਾਵਾਂ ਅਨੁਸਾਰ ਯੂਨੀਵਰਸਿਟੀ ਲਈ ਆਪਣਾ ਸਾਰਾ ਦਫਤਰੀ ਕੰਮ ਕਾਜ ਪੰਜਾਬੀ ਭਾਸ਼ਾ ਵਿੱਚ ਕੀਤਾ ਜਾਣਾ ਲਾਜ਼ਮੀ ਹੈ। ਉਦਾਹਰਣ ਲਈ, (ੳ) ਵਿਦਿਆਰਥੀਆਂ ਨੂੰ ਆਪਣੀ ਫੀਸ ਭਰਨ ਲਈ ਦਿਤੀਆਂ ਜਾਂਦੀਆਂ ਪਰਚੀਆਂ (Fee slips), (ਅ) ਫੀਸ ਭਰਨ ਦਾ ਢਾਂਚਾ (Fee structure) ਅਤੇ (ੲ) ਦਾਖਲਾ ਨੋਟਿਸ (Admission notice) ਕੇਵਲ ਅੰਗਰੇਜ਼ੀ ਭਾਸ਼ਾ ਵਿੱਚ ਹਨ ਜਦੋਂ ਕਿ ਇਹ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿੱਚ ਵੀ ਹੋਣੇ ਚਾਹੀਦੇ ਹਨ। ਇਨਾਂ ਤਿੰਨਾਂ ਦਸਤਾਵੇਜ਼ਾਂ ਦੀਆ ਨਕਲਾਂ ਨੱਥੀ ਕੀਤੀਆਂ ਜਾਂਦੀਆਂ ਹਨ। ਦੁਹਰਾਓ ਨਾ ਹੋਵੇ ਇਸ ਲਈ ਹੋਰ ਅਜਿਹੇ ਸੈਂਕੜੇ ਦਸਤਾਵੇਜ਼ ਨੱਥੀ ਨਹੀਂ ਕੀਤੇ ਜਾ ਰਹੇ।

2. ਲੋਕਾਂ ਦੀ ਸਹੂਲਤ ਲਈ ਪੰਜਾਬੀ ਯੂਨੀਵਰਸਿਟੀ ਵੱਲੋਂ ਆਪਣੀ ਜੋ ਵੈਬਸਾਈਟ ਤਿਆਰ ਕੀਤੀ ਗਈ ਹੈ (ਜੋ ਇਸ ਦੇ ਦਫ਼ਤਰੀ ਕੰਮ ਕਾਜ ਦਾ ਹਿੱਸਾ) ਉਸ ਰਾਹੀਂ ਜੋ ਸੂਚਨਾ ਉਪਲਬਧ ਕਰਵਾਈ ਗਈ ਹੈ, ਪੰਜਾਬੀ ਭਾਸ਼ਾ ਦੀ ਵਰਤੋਂ ਦੇ ਸੰਦਰਭ ਵਿਚ ਉਸ ਦੀ ਸਥਿਤੀ ਹੇਠ ਲਿਖੇ ਅਨੁਸਾਰ ਹੈ:

(ੳ) ਵੈਬਸਾਈਟ ਦੇ 'ਮੁੱਖ ਪੰਨਾ' ਸ਼੍ਰੇਣੀ ਦੇ 'ਆਗਾਮੀ ਸੈਮੀਨਾਰ/ਸੈਮੀਨਾਰ ਸਮਾਗਮਾਂ ਦਾ ਆਯੋਜਨ' ਮੇਨੂ, (ਅ) 'ਅਕਾਦਮਿਕ' ਸ਼੍ਰੇਣੀ ਦੇ 'ਪੰਜਾਬੀ ਭਾਸ਼ਾ ਵਿਕਾਸ ਵਿਭਾਗ' ਮੇਨੂ ਜਿਸ ਵਿਚ ਕਿ ਪੰਜਾਬੀ ਵਿਭਾਗ ਦੇ ਕੰਮ ਕਾਜ ਬਾਰੇ ਸੂਚਨਾ ਦਿੱਤ ਗਈ ਹੈ, (ੲ) 'ਖੋਜ' ਸ਼੍ਰੇਣੀ ਦੇ 'ਬੌਧਿਕ ਸੰਪਤੀ ਦਾ ਅਧਿਕਾਰ ਸੈੱਲ', 'ਕਾਰਜਕਾਰੀ ਸੰਖੇਪ (ਮੇਜਰ ਰਿਸਰਚ ਪ੍ਰੋਜੈਕਟ ਰਿਪੋਰਟ)' ਮੇਨੂ, (ਸ) 'ਵਿਦਿਆਰਥੀ ਵਰਗ' ਸ਼੍ਰੇਣੀ ਦੇ 'ਆਨ ਲਾਈਨ ਫੀਸ ਭੁਗਤਾਨ', 'ਅੰਤਰਾਸ਼ਟਰੀ ਵਿਦਿਆਰਥੀ', 'ਪਲੇਸਮੈਂਟ', 'ਪਾਠਕ੍ਰਮ ਡਾਉਨਲੋਡ', 'ਹੋਸਟਲ', (ਹ) 'ਮਹੱਤਵਪੂਰਣ ਲਿੰਕ' ਸ਼੍ਰੇਣੀ ਦੇ 'ਟੈਂਡਰ', 'ਡਾਊਨਲੋਡ ਕੇਂਦਰ', 'ਅੰਦਰੂਨੀ ਗੁਣਵੱਤਾ ਨਿਰਧਾਰਨ ਸੈੱਲ' ਮੇਨੂ, (ਕ) 'ਹੋਰ' ਸ਼੍ਰੇਣੀ ਦੇ ਪਹਿਲੇ ਮੇਨੂ ਵਿਚ '29.3.22 ਤੱਕ ਦੇ ਸੈਮੀਨਾਰਾਂ ਅਤੇ ਸਰਗਰਮੀਆਂ ਦਾ ਵੇਰਵਾ', (ਖ) 'ਪ੍ਰੀਖਿਆਵਾਂ' ਸ਼੍ਰੇਣੀ ਦੇ (ਸਾਰੇ 6) 'ਪ੍ਰੀਖਿਆਵਾਂ ਦਾ ਪੋਰਟਲ', 'ਡੇਟ ਸ਼ੀਟ', 'ਪ੍ਰੀਖਿਆ ਆਨ-ਲਾਈਨ ਸੇਵਾ ਪੋਰਟਲ', ਔਨਲਾਈਨ ਪ੍ਰੀਖਿਆ ਸੇਵਾ ਭੁਗਤਾਨ ਪੋਰਟਲ', 'ਪ੍ਰੀਖਿਆ ਫਾਰਮ', 'ਨਤੀਜੇ' ਮੇਨੂ (ਗ) 'ਅਕਾਦਮਿਕ' ਸ਼੍ਰੇਣੀ ਦੇ 'ਅੰਤਰ ਅਨੁਸ਼ਾਸਨੀ ਖੋਜ ਕੇਂਦਰ' ਮੇਨੂਆਂ ਵਿਚ ਦਰਜ ਸੂਚਨਾ ਕੇਵਲ ਅੰਗਰੇਜ਼ੀ ਭਾਸ਼ਾ ਵਿੱਚ ਹੈ।

(ਅ) ਇਹੋ ਹਾਲ 'ਖਾਲੀ ਆਸਾਮੀਆਂ', 'Admission' ਅਤੇ Examination ਸ਼੍ਰੇਣੀਆਂ ਵਿਚ ਦਰਜ਼ ਸੂਚਨਾ ਦਾ ਹੈ।

(ੲ) ਪੰਜਾਬੀ ਭਾਸ਼ਾ ਵਿਚ ਲਿਖੀ ਗਈ ਸੂਚਨਾ ਦੀ ਇਬਾਰਤ ਵਿਚ, ਵੱਡੀ ਗਿਣਤੀ ਵਿਚ ਅੰਗਰੇਜ਼ੀ ਸ਼ਬਦਾਂ ਦੀ ਵਰਤੋਂ ਕੀਤੀ ਗਈ ਹੈ। ਉਦਾਹਰਣ 'ਆਨਲਾਈਨ ਦਾਖਲਾ ਸੈਸ਼ਨ 2021-22' ਸ਼੍ਰੇਣੀ ਵਿਚ ਦਰਜ਼ ਹੇਠ ਲਿਖੀ ਇਬਾਰਤ ਦੀ ਲਈ ਜਾ ਸਕਦੀ ਹੈ:

"1. ਦਾਖਲੇ ਲਈ **ਆਨਲਾਈਨ** ਦਾਖਲਾ-ਕਮ-ਪ੍ਰੀਖਿਆ **ਫਾਰਮ** ਭਰਨ ਤੋਂ ਪਹਿਲਾਂ ਉਮੀਦਵਾਰ ਨੂੰ ਪਹਿਲਾਂ ਫੀਸ ਜਮ੍ਹਾਂ ਕਰਨੀ ਪਵੇਗੀ ..., 2. ਆਨ ਲਾਈਨ ਫਾਰਮ ਭਰਨ ਤੋਂ ਬਾਅਦ ਉਸਦਾ **ਪ੍ਰਿੰਟ ਆਊਟ** ..., 3. ਫਾਰਮ ਵਿਚ ਭਰੇ ਗਏ **ਕੋਰਸ**/ਵਿਸ਼ਾ/**ਆਪਸ਼ਨ/ਮੀਡੀਅਮ**/ਪ੍ਰੀਖਿਆ ਕੇਂਦਰ ..., 4. ... ਫੀਸ ਕੇਵਲ **ਡਿਸਟੈਂਸ ਐਜੂਕੇਸ਼ਨ** ਵਿਭਾਗ ਦੇ ਖਾਤੇ (**ਪ੍ਰਾਸਪੈਕਟਸ** ਵਿਚ ਦਿੱਤੇ ਅਨੁਸਾਰ) ...,5. ਆਨ ਲਾਈਨ ਫੀਸ ਭਰਨ ਲੱਗੇ ਜੇਕਰ **Transaction** ਫੇਲ੍ਹ ਹੁੰਦੀ ਹੈ···"( **ਪੰਜ ਸਤਰਾਂ ਵਿਚ ਅੰਗਰੇਜ਼ੀ ਦੇ 11 ਸ਼ਬਦ ਵਰਤੇ ਗਏ ਹਨ**)।

(ਸ) ਪੰਜਾਬੀ ਵਿਚ ਉਪਲਬਧ ਕਰਵਾਈ ਗਈ ਸੂਚਨਾ ਵਿਚ, ਪੰਜਾਬੀ ਸ਼ਬਦਾਂ ਦੀ ਥਾਂ, ਇੰਨ-ਬਿੰਨ ਅੰਗਰੇਜ਼ੀ ਸ਼ਬਦਾਂ (ਗੁਰਮੁੱਖੀ ਲਿਪੀ ਵਿਚ) ਦੀ ਵਰਤੋਂ ਕੀਤੀ ਜਾਂਦੀ ਹੈ। ਉਦਾਹਰਣ, ਵੈਬਸਾਈਟ ਦੇ ਪਹਿਲੇ ਪੰਨੇ ਉੱਪਰ ਹੀ, (i) 'ਵਿਦਿਆਰਥੀ ਵਰਗ' ਸ਼੍ਰੇਣੀ ਵਿਚ: **'ਪਲੇਸਮੈਂਟ'** ,**' ਡਾਉਨਲੋਡ'** ,**'ਹੋਸਟਲ '** ,(ii) 'ਮਹੱਤਵਪੂਰਣ ਲਿੰਕ ' , ਸ਼੍ਰੇਣੀ ਵਿਚ: **'ਟੈਂਡਰ'** ,**'ਡਾਊਨਲੋਡ'** , ਅਤੇ (iii) 'ਪ੍ਰੀਖਿਆਵਾਂ' ਸ਼੍ਰੇਣੀ ਵਿਚ: **'ਪੋਰਟਲ'**, **'ਡੇਟ ਸ਼ੀਟ'** , **'ਆਨ-ਲਾਈਨ'** ਆਦਿ, ਸ਼ਬਦਾਂ ਦੀ ਕੀਤੀ ਗਈ ਵਰਤੋਂ ਦੀ ਲਈ ਜਾ ਹੈ।

**ਭਾਗ ਸ- ਉਪ ਕੁਲਪਤੀ ਸਾਹਿਬ ਨੂੰ ਆਪਣੇ ਕਾਨੂੰਨੀ ਫ਼ਰਜ਼ਾਂ ਨੂੰ ਪਹਿਚਾਣ ਕੇ, ਯੂਨੀਵਰਸਿਟੀ ਦੇ ਉਦੇਸ਼ਾਂ ਦੀ ਪੂਰਤੀ ਅਤੇ ਰਾਜ ਭਾਸ਼ਾ ਐਕਟ ਦੀਆਂ ਵਿਵਸਥਾਵਾਂ ਨੂੰ ਇੰਨ-ਬਿੰਨ ਲਾਗੂ ਕਰਕੇ, ਮਾਂ ਬੋਲੀ ਦੇ ਪਸਾਰ ਅਤੇ ਪ੍ਰਚਾਰ ਲਈ ਬਣਦਾ ਯੋਗਦਾਨ ਪਾਉਣ ਲਈ ਬੇਨਤੀ**

ਪੰਜਾਬੀ ਵਿਕਾਸ ਮੰਚ (ਕਾਨੂੰਨੀ) ਆਪ ਜੀ ਨੂੰ ਹੇਠ ਲਿਖੇ ਅਨੁਸਾਰ ਬੇਨਤੀ ਕਰਦਾ ਹੈ:

1. ਵੈਬਸਾਈਟ ਤੇ ਉਪਲੱਬਧ ਸੂਚਨਾ ਅਨੁਸਾਰ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਪ੍ਰਚਾਰ ਲਈ ਪੰਜਾਬੀ ਯੂਨੀਵਰਸਿਟੀ ਵਿਚ ਪੰਜ ਵਿਭਾਗ ਸਥਾਪਤ ਹਨ। (ਪੰਜਾਬੀ ਵਿਭਾਗ, ਪੰਜਾਬੀ ਸਾਹਿਤ ਅਧਿਐਨ ਵਿਭਾਗ, ਪੰਜਾਬੀ ਭਾਸ਼ਾ ਵਿਕਾਸ ਵਿਭਾਗ, ਭਾਸ਼ਾ ਵਿਗਿਆਨ, ਪੰਜਾਬੀ ਕੋਸ਼ਕਾਰੀ ਵਿਭਾਗ, ਪੰਜਾਬੀ ਭਾਸ਼ਾ ਤਕਨਾਲੋਜੀ ਖੋਜ ਕੇਂਦਰ ਵਿਭਾਗ)। ਇੰਨੇ ਤਜਰਬੇਕਾਰ ਅਮਲੇ ਫੈਲੇ ਦੇ ਬਾਵਜੂਦ, ਪੰਜਾਬੀ ਯੂਨੀਵਰਸਿਟੀ ਨੇ ਆਪਣੀ ਵੈਬਸਾਈਟ ਦੇ ਪੰਜਾਬੀ ਪਾਠ ਤੇ ਜੋ ਸੂਚਨਾ ਉਪਲਬਧ ਕਰਵਾਈ ਹੈ ਉਹ 80 ਫੀ ਸਦੀ ਤੋਂ ਵੱਧ ਕੇਵਲ ਅੰਗਰੇਜ਼ੀ ਵਿਚ ਹੈ। ਜਦੋਂਕਿ ਅੰਗਰੇਜ਼ੀ ਦੇ ਨਾਲ-ਨਾਲ ਇਹ ਸੂਚਨਾ ਪੰਜਾਬੀ ਭਾਸ਼ਾ ਵਿਚ ਵੀ ਹੋਣੀ ਚਾਹੀਦੀ ਸੀ। ਕ੍ਰਿਪਾ ਕਰਕੇ ਪੰਜਾਬੀ ਭਾਸ਼ਾ ਦੇ ਪਸਾਰ ਲਈ ਸਥਾਪਤ ਇਨ੍ਹਾਂ ਵਿਭਾਗਾਂ ਨੂੰ ਸਰਗਰਮ ਕਰਕੇ ਪੰਜਾਬੀ ਭਾਸ਼ਾ ਦਾ ਵਿਕਾਸ ਯਕੀਨੀ ਬਣਾਇਆ ਜਾਵੇ।
2. ਪੰਜਾਬੀ ਭਾਸ਼ਾ ਤਕਨਾਲੋਜੀ ਖੋਜ ਕੇਂਦਰ ਹੋਣ ਦੇ ਬਾਵਜੂਦ ਪੰਜਾਬੀ ਯੂਨੀਵਰਸਿਟੀ 'ਕੰਸਟੀਚੂਐਂਟ, ਡਿਸਟੈਂਸ ਐਜੂਕੇਸ਼ਨ, ਨੇਬਰਹੁੱਡ ਕੈਂਪਸ, ਫੋਟੋ ਗੈਲਰੀ, ਰੀਜਨਲ ਸੈਂਟਰ, ਟੀਚਿੰਗ ਅਤੇ ਰਿਸਰਚ, ਪਲੇਸਮੈਂਟ, ਡਾਊਨਲੋਡ ਸੈਂਟਰ, ਟੈਂਡਰ' ਆਦਿ ਲਈ ਪੰਜਾਬੀ ਭਾਸ਼ਾ ਵਿਚ ਉਪਲਬਧ ਸੌਖੇ ਸ਼ਬਦਾਂ ਦੀ ਵਰਤੋਂ ਕਰਨ ਵਿਚ ਅਸਫਲ ਰਹੀ ਹੈ। ਇਸ ਵਿਭਾਗ ਨੂੰ ਵੀ ਦਿਸ਼ਾ-ਨਿਰਦੇਸ਼ ਦੇ ਕੇ ਪੰਜਾਬੀ ਭਾਸ਼ਾ ਦਾ ਸਹੀ ਅਰਥਾਂ ਵਿਚ ਤਕਨੀਕੀ ਵਿਕਾਸ ਯਕੀਨੀ ਬਣਾਇਆ ਜਾਵੇ।
3. ਪੰਜਾਬੀ ਭਾਸ਼ਾ ਵਿਚ ਲਿਖੀਆਂ ਪੰਜ ਲਾਈਨਾਂ ਦੀ ਇਬਾਰਤ ਵਿਚ ਯੂਨੀਵਰਸਿਟੀ ਦੇ ਵਿਦਵਾਨਾਂ ਵੱਲੋਂ ਵਰਤੇ ਅੰਗਰੇਜ਼ੀ ਦੇ ਦਸ ਸ਼ਬਦਾਂ ਤੋਂ ਵਿਦਵਾਨਾਂ ਦੇ ਨਿਸਲ ਹੋਣ ਦਾ ਸਬੂਤ ਮਿਲਦਾ ਹੈ। ਸਬੰਧਤ ਵਿਦਵਾਨਾਂ ਨੂੰ ਆਪਣੇ ਫ਼ਰਜ਼ਾਂ ਦੀ ਪਹਿਚਾਣ ਕਰਵਾ ਕੇ ਪੰਜਾਬੀ ਭਾਸ਼ਾ ਦਾ ਵਿਕਾਸ ਯਕੀਨੀ ਬਣਾਇਆ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

(ਆਰ ਪੀ ਸਿੰਘ)

ਮਿੱਤਰ ਸੈਨ ਮੀਤ
(ਮਿੱਤਰ ਸੈਨ ਮੀਤ)

ਨੱਥੀ: 3 ਦਸਤਾਵੇਜ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਰਾਜਪਾਲ, ਪੰਜਾਬ –ਕਮ- ਚਾਂਸਲਰ, ਪੰਜਾਬੀ ਯੂਨੀਵਰਸਿਟੀ, ਚੰਡੀਗੜ੍ਹ। admr-chd@nic.in
2. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
3. ਸ਼੍ਰੀ ਗੁਰਮੀਤ ਸਿੰਘ ਮੀਤ ਹੇਅਰ, ਮੰਤਰੀ, ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।

੫. ਸ੍ਰੀ ਕ੍ਰਿਸ਼ਨ ਕੁਮਾਰ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। pshe@punjab.gov.in,

5. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। pblanguages@hotmail.com